# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 17-11-2025**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅੱਜ ਹਰਿਆਣਾ ਦੇ ਫਰੀਦਾਬਾਦ ਵਿਚ ਉੱਤਰੀ ਜ਼ੋਨਲ ਕੌਂਸਲ ਦੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਨੇ। ਕੇਂਦਰ ਸਰਕਾਰ, ਸੂਬਾ ਸਰਕਾਰਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਸੀਨੀਅਰ ਅਧਿਕਾਰੀ ਇਸ ਵਿਚ ਹਿੱਸਾ ਲੈ ਰਹੇ ਨੇ। ਉੱਤਰੀ ਜ਼ੋਨਲ ਕੌਂਸਲ ਵਿਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਰਾਜਸਥਾਨ, ਦਿੱਲੀ, ਜੰਮੂ-ਕਸ਼ਮੀਰ, ਲੱਦਾਖ ਅਤੇ ਚੰਡੀਗੜ੍ਹ ਸ਼ਾਮਲ ਨੇ। ਮੀਟਿੰਗ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ, ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ, ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ, ਦਿੱਲੀ ਦੇ ਉਪ ਰਾਜਪਾਲ ਵਿਨੈ ਕੁਮਾਰ ਸਕਸੈਨਾ, ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ

ਅਬਦੁੱਲਾ, ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਅਤੇ ਸੀਨੀਅਰ ਅਧਿਕਾਰੀ ਮੌਜੂਦ ਨੇ। ਮੀਟਿੰਗ ਦੌਰਾਨ ਦਿੱਲੀ ਵਿਚ ਲਾਲ ਕਿਲ੍ਹੇ ਧਮਾਕੇ ਵਿਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਦੇਣ ਲਈ ਇਕ ਮਿੰਟ ਦਾ ਮੌਨ ਰੱਖਿਆ ਗਿਆ। ਮੀਟਿੰਗ ਵਿਚ ਸੂਬਾ ਸਰਕਾਰਾਂ ਵਿਚਕਾਰ ਤਾਲਮੇਲ, ਪਾਣੀ ਦੀ ਵੰਡ ਦੇ ਮੁੱਦਿਆਂ ਤੇ ਵਿਕਾਸ ਕਾਰਜਾਂ ਬਾਰੇ ਚਰਚਾ ਹੋਣ ਦੀ ਉਮੀਦ ਏ।

----------------------------------------------------------------------

ਦੇਸ਼ ਅੱਜ ਮਹਾਨ ਆਜ਼ਾਦੀ ਘੁਲਾਟੀਏ ਤੇ ਪੰਜਾਬ ਕੇਸਰੀ ਦੇ ਨਾਂ ਨਾਲ ਸਤਿਕਾਰੇ ਜਾਂਦੇ, ਲਾਲਾ ਲਾਜਪਤ ਰਾਏ ਨੂੰ ਉਨ੍ਹਾਂ ਦੇ ਬਲਿਦਾਨ ਦਿਵਸ ’ਤੇ ਨਮਨ ਕਰ ਰਿਹਾ ਏ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਲਾਲਾ ਲਾਜਪਤ ਰਾਏ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਭੇਟ ਕੀਤੀ। ਇਕ ਸੋਸ਼ਲ ਮੀਡੀਆ ਪੋਸਟ ਵਿਚ ਸ੍ਰੀ ਸ਼ਾਹ ਨੇ ਆਜ਼ਾਦੀ ਅੰਦੋਲਨ ਵਿਚ ਲਾਲਾ ਲਾਜਪਤ ਰਾਏ ਦੇ ਇਨਕਲਾਬੀ ਵਿਚਾਰਾਂ ਅਤੇ ਉਨ੍ਹਾਂ ਵੱਲੋਂ ਗਰੀਬਾਂ, ਕਿਸਾਨਾਂ ਤੇ ਨੌਜਵਾਨਾਂ ਨੂੰ ਹਥਿਆਰਬੰਦ ਇਨਕਲਾਬ ਕਰਨ ਲਈ ਪ੍ਰੇਰਿਤ ਕਰਨ ਵਿਚ ਉਨ੍ਹਾਂ ਦੀ ਭੂਮਿਕਾ ਨੂੰ ਯਾਦ ਕੀਤਾ । ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਲਾਲਾ ਲਾਜਪਤ ਰਾਏ ਦੇ ਬਲਿਦਾਨ ਦਿਵਸ ’ਤੇ ਉਨ੍ਹਾਂ ਨੂੰ ਨਮਨ ਕੀਤਾ ਏ। ਇਕ

ਸੋਸ਼ਲ ਮੀਡੀਆ ਪੋਸਟ ਵਿਚ ਸ਼੍ਰੀ ਮਾਨ ਨੇ ਕਿਹਾ ਏ ਕਿ ਲਾਲਾ ਲਾਜਪਤ ਰਾਏ ਨੇ ਆਜ਼ਾਦੀ ਦੀ ਲਹਿਰ ਦੌਰਾਨ ਬਰਤਾਨਵੀ ਸ਼ਾਸਨ ਵਿਰੁੱਧ ਲੜਦੇ ਹੋਏ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ। ਸ਼੍ਰੀ ਮਾਨ ਨੇ ਕਿਹਾ ਕਿ ਮਾਤ-ਭੂਮੀ ਪ੍ਰਤੀ ਉਨ੍ਹਾਂ ਦੇ ਸਮਰਪਣ ਤੇ ਸੇਵਾ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

---------------------------------------------------------------------------

ਕਿਸਾਨਾਂ ਨੂੰ ਹਾੜ੍ਹੀ ਰੁੱਤ ਦੀਆਂ ਫਸਲਾਂ ਸਬੰਧੀ ਅਤੇ ਝੋਨੇ ਦੀ ਪਰਾਲੀ ਦਾ ਸੁਚੱਜਾ ਪ੍ਰਬੰਧ ਕਰਨ ਵਾਸਤੇ ਤਕਨੀਕੀ ਜਾਣਕਾਰੀ ਦੇਣ ਲਈ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਜਲੰਧਰ ਨੇੜੇ ਨੂਰਮਹਿਲ ਵਿਚ ਆਤਮਾ ਸਕੀਮ ਤਹਿਤ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ। ਕੈਂਪ ਵਿਚ ਪੁੱਜੇ ਹਲਕਾ ਨਕੋਦਰ ਤੋਂ ਵਿਧਾਇਕਾ ਇੰਦਰਜੀਤ ਕੌਰ ਮਾਨ ਨੇ ਇਸ ਮੌਕੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਵਾਤਾਵਰਣ ਦੀ ਸੰਭਾਲ ਲਈ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਸਰਕਾਰ ਵੱਲੋਂ ਸਬਸਿਡੀ ’ਤੇ ਮੁਹੱਈਆ ਕਰਵਾਈ ਜਾਂਦੀ ਖੇਤੀ ਮਸ਼ੀਨਰੀ ਨਾਲ ਪਰਾਲੀ ਦਾ ਸੁਚੱਜਾ ਪ੍ਰਬੰਧ ਕੀਤਾ ਜਾਵੇ। ਫੀਲਡ ਅਫਸਰ ਨਵਦੀਪ ਸਿੰਘ ਨੇ ਦੱਸਿਆ ਕਿ ਕਿਸਾਨ ਪੀ.ਜੀ.ਆਰ.ਐੱਸ ਪੋਰਟਲ ’ਤੇ ਆਪਣੀਆਂ ਸ਼ਿਕਾਇਤਾਂ ਦਰਜ ਕਰਵਾ ਸਕਦੇ ਨੇ ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਪੰਜਾਬ ਮੰਤਰੀ ਮੰਡਲ ਨੇ ਆਪਣੀ ਮੀਟਿੰਗ ਵਿਚ ਕਈ ਲੋਕ-ਪੱਖੀ ਯੋਜਨਾਵਾਂ ਨੂੰ ਪ੍ਰਵਾਨਗੀ ਦਿੱਤੀ ਏ, ਜਿਸ ਨਾਲ ਕਮਜ਼ੋਰ ਤੇ ਲੋੜਵੰਦ ਵਰਗਾਂ ਨੂੰ ਵੱਡੀ ਰਾਹਤ ਮਿਲੇਗੀ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਕੈਬਨਿਟ ਨੇ ਬਾਲ ਵਿਕਾਸ ਪ੍ਰੋਜੈਕਟ ਅਧਿਕਾਰੀ ਦੀਆਂ 16 ਅਸਾਮੀਆਂ ਭਰਨ ਦੀ ਮਨਜ਼ੂਰੀ ਦੇ ਦਿੱਤੀ ਏ। ਬਾਲ ਵਿਕਾਸ ਪ੍ਰੋਜੈਕਟ ਅਧਿਕਾਰੀਆਂ ਦੀਆਂ 19 ਖਾਲੀ ਪਈਆਂ ਸੀ.ਡੀ.ਪੀ.ਓਜ਼ ਦੀਆਂ ਅਸਾਮੀਆਂ ਭਰਨ ਦੀ ਪ੍ਰਕਿਰਿਆ ਪਹਿਲਾਂ ਤੋਂ ਕਾਰਵਾਈ ਅਧੀਨ ਸੀ, ਹੁਣ ਸੀ.ਡੀ.ਪੀ.ਓਜ਼ ਦੀਆਂ ਕੁਲ 35 ਅਸਾਮੀਆਂ ਪੀ.ਪੀ.ਐੱਸ.ਸੀ. ਰਾਹੀਂ ਭਰੀਆਂ ਜਾਣਗੀਆਂ। ਪੰਜਾਬ ਵਜਾਰਤ ਨੇ ਟਰਾਂਸਜੈਂਡਰ ਮਾਮਲਿਆਂ ਨਾਲ ਸਬੰਧਤ ਨਿਯਮ ਬਣਾਉਣ ਅਤੇ ਸੋਧਣ ਦੇ ਅਖ਼ਤਿਆਰ ਸਮਾਜਿਕ ਸੁਰੱਖਿਆ ਵਿਭਾਗ ਨੂੰ ਸੌਂਪਣ ਦਾ ਅਹਿਮ ਫੈਸਲਾ ਲਿਆ ਏ।

---

-----------------ਅੱਜ ਸਵੇਰੇ ਕੁਰਾਲੀ ਬੱਸ ਅੱਡੇ ’ਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸਾਦਾ ਕੱਪੜਿਆਂ ਵਿਚ ਅਤੇ ਸੁਰੱਖਿਆ ਮੁਲਾਜ਼ਮ ਤੋਂ ਬਿਨਾਂ ਅਚਾਨਕ ਚੈਕਿੰਗ ਕੀਤੀ। ਮੰਤਰੀ ਨੇ ਇਸ

ਮੌਕੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਦਰਪੇਸ਼ ਮੁਸ਼ਕਲਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਸਰਕਾਰੀ ਬੱਸਾਂ ਦੇ ਡਰਾਈਵਰਾਂ ਅਤੇ ਕੰਡਕਟਰਾਂ ਨੂੰ ਸਖ਼ਤ ਹਿਦਾਇਤ ਕੀਤੀ ਕਿ ਸਕੂਲੀ ਵਿਦਿਆਰਥੀਆਂ ਨੂੰ ਪਹਿਲ ਦੇ ਆਧਾਰ 'ਤੇ ਬੱਸਾਂ ਵਿਚ ਬਿਠਾਇਆ ਜਾਵੇ ਅਤੇ ਆਪਣਾ ਵਤੀਰਾ ਸਹੀ ਰੱਖਿਆ ਜਾਵੇ। ਮੰਤਰੀ ਭੁੱਲਰ ਨੇ ਦੱਸਿਆ ਕਿ ਟਰਾਂਸਪੋਰਟ ਵਿਭਾਗ ਦੇ ਬੇੜੇ ਵਿਚ ਛੇਤੀ ਹੀ ਇਕ ਹਜ਼ਾਰ ਬੱਸਾਂ ਸ਼ਾਮਿਲ ਕੀਤੀਆਂ ਜਾ ਰਹੀਆਂ ਨੇ, ਇਸ ਨਾਲ ਬੱਸਾਂ ਦੇ ਮੁਸਾਫ਼ਰਾਂ ਤੇ ਖਾਸਕਰ ਔਰਤਾਂ ਨੂੰ ਸਹੂਲਤ ਹੋਵੇਗੀ।

-----------------------------------------------------------------------------------ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ , ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350ਵੇਂ ਸ਼ਹੀਦੀ ਸਮਾਗਮ ਕਰਵਾਏ ਜਾ ਰਹੇ ਨੇ। ਇਸੇ ਲੜੀ ਵਿਚ ਅੱਜ ਸ਼ਾਮ 5:30 ਤੋਂ 8:30 ਵਜੇ ਤੱਕ ਪੁਲਿਸ ਲਾਈਨ ਗਰਾਊਂਡ ਤਰਨਤਾਰਨ ਵਿਚ ਰੌਸ਼ਨੀ ਤੇ ਆਵਾਜ਼ ਸ਼ੋਅ ਕਰਵਾਇਆ ਜਾ ਰਿਹਾ ਏ। ਤਰਨਤਾਰਨ ਦੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਦੱਸਿਆ ਕਿ ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਇਸ ਸਮਾਗਮ

ਵਿਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣਗੇ,ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ।

----